ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ



ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ 4 ਜਨਵਰੀ ਨੂੰ ਸ਼ਾਮ 4.30 ਤੋਂ 5.30 ਵਜੇ ਤੱਕ **ਭਾਈ ਰਵਿੰਦਰ ਸਿੰਘ** ਤੇ 5 ਜਨਵਰੀ ਨੂੰ ਸਵੇਰੇ 4:00 ਤੋਂ 6:00 ਵਜੇ ਤੱਕ **ਭਾਈ ਰਵਿੰਦਰ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ.ਟੀ.ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 4 ਜਨਵਰੀ ਨੂੰ ਸ਼ਾਮ 4:30 ਤੋਂ 6:30 ਵਜੇ ਤੱਕ **ਭਾਈ ਰਵਿੰਦਰ ਸਿੰਘ** ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਨਰਿੰਦਰ ਸਿੰਘ** ਅਤੇ 5 ਜਨਵਰੀ ਨੂੰ ਸਵੇਰੇ 4:00 ਵਜੇ ਤੋਂ 7:45 ਵਜੇ ਤੱਕ **ਭਾਈ ਰਵਿੰਦਰ ਸਿੰਘ ਤੇ ਭਾਈ ਗੁਰਪ੍ਰੀਤ ਸਿੰਘ** ਕੀਰਤਨ ਕਰਨਗੇ।

ਮੁੱਖ ਵਾਕ ਦੀ ਕਥਾ : 4 ਜਨਵਰੀ ਨੂੰ ਗਿਆਨੀ ਸਤਨਾਮ ਸਿੰਘ ਖਡੂਰ ਸਾਹਿਬ ਤੇ 5 ਜਨਵਰੀ ਨੂੰ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਸ੍ਰੀ ਮੰਜੀ ਸਾਹਿਬ ਦੀਵਾਨ ਹਾਲ (ਸ੍ਰੀ ਹਰਿਮੰਦਰ ਸਾਹਿਬ) ਵਿਖੇ 7:45 ਵਜੇ ਤੋਂ 8:30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਪਿੰਡ ਢੰਡੀਆਂ ਦੇ ਦੋ ਦਰਜਨ ਨੌਜਵਾਨ 'ਆਪ' ਵਿਚ ਸ਼ਾਮਿਲ

ਜ਼ੀਰਾ, 3 ਜਨਵਰੀ (ਮਨਜੀਤ ਸਿੰਘ ਢਿੱਲੋਂ)-ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਪੰਜਾਬ ਦੇ ਲੋਕ ਤੇ ਨੌਜਵਾਨ 'ਆਪ' ਵਿਚ ਸ਼ਾਮਿਲ ਹੋ ਰਹੇ ਹਨ, ਜੋ ਪਾਰਟੀ ਲਈ ਸ਼ੁੱਭ ਸੰਕੇਤ ਹਨ ਤੇ ਜਿਸ ਦੇ ਚੱਲਦਿਆਂ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਆਮ ਆਦਮੀ ਪਾਰਟੀ ਜਿੱਤ ਕੇ ਸਰਕਾਰ ਬਣਾਏਗੀ ਅਤੇ ਸੂਬੇ ਦੇ ਲੋਕਾਂ ਨੂੰ ਨਿਆਂ ਅਤੇ ਭ੍ਰਿਸ਼ਟਾਚਾਰ ਮੁਕਤ ਸ਼ਾਸਨ ਦਿੱਤਾ ਜਾਵੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਜ਼ੀਰਾ ਤੋਂ ਆਪ ਦੇ ਉਮੀਦਵਾਰ ਨਰੇਸ਼ ਕਟਾਰੀਆ ਨੇ ਪਿੰਡ ਢੰਡੀਆਂ ਦੇ 2 ਦਰਜਨ ਦੇ ਕਰੀਬ ਨੌਜਵਾਨਾਂ ਨੂੰ ਆਮ ਆਦਮੀ ਪਾਰਟੀ ਵਿਚ ਸ਼ਾਮਿਲ ਹੋਣ 'ਤੇ ਸਵਾਗਤ ਕਰਦਿਆਂ ਕੀਤਾ। ਇਸ ਮੌਕੇ ਵਰਿੰਦਰਪਾਲ ਸਿੰਘ, ਜਸਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਬਲਵਿੰਦਰ ਸਿੰਘ, ਗੁਰਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਸੁਖਰਾਮ ਸਿੰਘ, ਰਮਨਦੀਪ ਸਿੰਘ, ਜੱਸ, ਹੀਰਾ ਸਿੰਘ, ਨਰੈਣ ਸਿੰਘ, ਅਰਸ਼ਦੀਪ ਸਿੰਘ, ਕੈਪਟਨ ਸਿੰਘ, ਗੁਰਪ੍ਰਕਾਸ਼ ਸਿੰਘ, ਹੁਕਮ ਸਿੰਘ, ਅਵਤਾਰ ਸਿੰਘ, ਮਨਪ੍ਰੀਤ ਸਿੰਘ, ਜਸ਼ਨਦੀਪ ਸਿੰਘ ਆਦਿ ਨੇ ਆਮ ਆਦਮੀ ਪਾਰਟੀ ਵਿਚ ਸ਼ਾਮਿਲ ਹੋਣ ਦਾ ਐਲਾਨ ਕੀਤਾ। ਉਮੀਦਵਾਰ ਨਰੇਸ਼ ਕਟਾਰੀਆ ਨੇ ਕਿਹਾ ਕਿ ਪਾਰਟੀ ਲੋਂ ਪੰਜਾਬ ਵਾਸੀਆਂ ਦੇ ਭਲੇ ਤੇ ਨੌਜਵਾਨਾਂ ਦੇ ਉੱਜਵਲ ਭਵਿੱਖ ਲਈ ਖ਼ਾਸ ਯੋਜਨਾਵਾਂ ਤਿਆਰ ਕੀਤੀਆਂ ਗਈਆਂ ਹਨ, ਜੋ ਸਰਕਾਰ ਬਣਨ 'ਤੇ ਲਾਗੂ ਕਰਕੇ ਨੌਜਵਾਨਾਂ ਨੂੰ ਵੱਡੀ ਪੱਧਰ 'ਤੇ ਰੁਜ਼ਗਾਰ ਦੇਣ ਤੋਂ ਇਲਾਵਾ ਪੰਜਾਬ ਨੂੰ ਤਰੱਕੀਆਂ ਦੀਆਂ ਲੀਹਾਂ 'ਤੇ ਤੋਰਿਆ ਜਾਵੇਗਾ। ਇਸ ਮੌਕੇ ਅਰਸ਼ਦੀਪ ਸਿੰਘ ਸਭਰਾਂ, ਗੁਰਜੀਤ ਸਿੰਘ ਕਿੱਲੀ ਨੌਂ ਆਬਾਦ, ਬਲਵੀਰ ਸਿੰਘ ਫੌਜੀ, ਸਤਨਾਮ ਸਿੰਘ, ਹਰਵਿੰਦਰ ਸਿੰਘ, ਸਰਬਜੀਤ ਸਿੰਘ ਆਸ਼ੀ ਕੇ ਆਦਿ ਹਾਜ਼ਰ ਸਨ।

ਜ਼ੀਰਾ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਨਰੇਸ਼ ਕਟਾਰੀਆ ਪਿੰਡ ਢੰਡੀਆਂ ਦੇ ਨੌਜਵਾਨਾਂ ਦਾ ਸ਼ਾਮਲ ਹੋਣ 'ਤੇ ਸਵਾਗਤ ਕਰਦੇ ਹੋਏ। ਤਸਵੀਰ:ਪ੍ਰਤਾਪ ਸਿੰਘ ਗੀਰਾ

ਅਜੀਤ ਵੈਬ ਟੀ ਵੀ ਅੱਜ ਦੇ ਵਿਸ਼ੇਸ਼ ਪ੍ਰੋਗਰਾਮ

ਲੋਕਾਂ ਦੀ ਕਚਹਿਰੀ-ਵਿਧਾਨ ਸਭਾ ਚੋਣਾਂ 2022

ਵੇਖੋ ਤਰਨ ਤਾਰਨ ਦੇ ਲੋਕਾਂ ਦਾ ਮੂਡ

ਵੇਖਣ ਲਈ ਕਲਿੱਕ ਕਰੋ : www.ajittv.com, youtube.com/ajitwebtv, facebook.com/dailyajit

ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਦੇ ਆਗੂ ਮੀਟਿੰਗ ਕਰਨ ਸਮੇਂ। ਤਸਵੀਰ: ਹਰਚਰਨ ਸਿੰਘ ਸੰਧੂ

ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਦੀ ਮੀਟਿੰਗ ਹੋਈ

ਗੁਰੂਹਰਸਹਾਏ, 3 ਜਨਵਰੀ (ਹਰਚਰਨ ਸਿੰਘ ਸੰਧੂ, ਕਪਿਲ ਕੰਧਾਰੀ)- ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ 5 ਜਨਵਰੀ ਦੀ ਫ਼ਿਰੋਜ਼ਪੁਰ ਫੇਰੀ ਨੂੰ ਰੋਕਣ ਲਈ ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਜ਼ੋਨ ਗੁਰੂਹਰਸਹਾਏ-1 ਤੇ 2 ਦੇ ਕਿਸਾਨਾਂ-ਮਜ਼ਦੂਰਾਂ ਦੀ ਵਿਸ਼ਾਲ ਮੀਟਿੰਗ ਧਰਮ ਸਿੰਘ ਸਿੱਧੂ ਤੇ ਗੁਰਬਖ਼ਸ਼ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸੂਬਾ ਪ੍ਰਧਾਨ ਸਤਨਾਮ ਸਿੰਘ ਪੰਨੂ ਨੇ ਆਖਿਆ ਕਿ ਦਿੱਲੀ ਮੋਰਚੇ 'ਚ ਮੋਦੀ ਵਲੋਂ ਤਿੰਨ ਕਾਲੇ ਕਾਨੂੰਨ ਵਾਪਸ ਲੈਂਦੇ ਸਮੇਂ ਕਿਸਾਨਾਂ ਦੀਆਂ ਹੋਰ ਮੰਗਾਂ ਜਿਵੇਂ ਐੱਮ.ਐੱਸ.ਪੀ. ਤੇ ਖ਼ਰੀਦ ਗਾਰੰਟੀ ਕਾਨੂੰਨ, ਸਾਰੇ ਪੁਲਿਸ ਕੇਸ ਵਾਪਸ ਲੈਣੇ, ਪਰਾਲੀ ਪ੍ਰਬੰਧਨ ਕਾਨੂੰਨ 'ਚ ਕਿਸਾਨਾਂ ਨੂੰ ਛੋਟ ਤੇ ਹੋਰ ਮੰਗਾਂ ਮੰਨਣ ਲਈ ਭਰੋਸਾ ਦਿੱਤਾ ਸੀ, ਪਰ ਅਜੇ ਤੱਕ ਇਨ੍ਹਾਂ ਮੰਗਾਂ 'ਤੇ ਕੋਈ ਕਾਰਵਾਈ ਨਹੀਂ ਹੋਈ, ਜਿਸ ਕਰਕੇ ਕਿਸਾਨਾਂ-ਮਜ਼ਦੂਰਾਂ ਵਲੋਂ 5 ਜਨਵਰੀ ਨੂੰ ਫ਼ਿਰੋਜ਼ਪੁਰ ਫੇਰੀ ਸਮੇਂ ਮੋਦੀ ਦਾ ਡਟ ਕੇ ਵਿਰੋਧ ਕੀਤਾ ਜਾਵੇਗਾ। ਇਸ ਮੌਕੇ ਮੇਜਰ ਸਿੰਘ, ਫੂਮਣ ਸਿੰਘ, ਪ੍ਰੀਤਮ ਸਿੰਘ, ਸੁਖਦੇਵ ਸਿੰਘ, ਪਿਆਰਾ ਸਿੰਘ, ਗੁਰਮੇਲ ਸਿੰਘ, ਅਵਤਾਰ ਸਿੰਘ, ਸ਼ਾਮ ਪੰਧੂ, ਰਾਜਬੀਰ ਸਿੰਘ, ਜਸਵਿੰਦਰ ਸਿੰਘ ਤੇ ਹੋਰ ਹਾਜ਼ਰ ਸਨ।

ਪਿੰਡ ਨਿਹਾਲਾ ਲਵੇਰਾ ਤੇ ਜੀਵਾ ਭੇਡੀਆਂ 'ਚ 'ਆਪ' ਉਮੀਦਵਾਰ ਰਣਬੀਰ ਸਿੰਘ ਭੁੱਲਰ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ। ਤਸਵੀਰ: ਜੋਸਨ

ਭੁੱਲਰ ਵਲੋਂ ਨਿਹਾਲਾ ਲਵੇਰਾ ਤੇ ਜੀਵਾਂ ਭੇਡੀਆਂ 'ਚ ਮੀਟਿੰਗਾਂ

ਆਰਿਫ਼ ਕੇ, 3 ਜਨਵਰੀ (ਬਲਬੀਰ ਸਿੰਘ ਜੋਸਨ)-ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਆਮ ਆਦਮੀ ਪਾਰਟੀ ਦੇ ਹਲਕਾ ਫ਼ਿਰੋਜ਼ਪੁਰ ਸ਼ਹਿਰੀ ਤੋਂ ਉਮੀਦਵਾਰ ਰਣਬੀਰ ਸਿੰਘ ਭੁੱਲਰ ਵਲੋਂ ਪਿੰਡ ਨਿਹਾਲਾ ਲਵੇਰਾ ਤੇ ਜੀਵਾਂ ਭੇਡੀਆਂ ਵਿਖੇ ਵਿਸ਼ਾਲ ਮੀਟਿੰਗਾਂ ਕੀਤੀਆਂ ਗਈਆਂ। ਇਨ੍ਹਾਂ ਮੀਟਿੰਗਾਂ 'ਚ ਵੱਡੀ ਗਿਣਤੀ 'ਚ ਲੋਕ ਪਹੁੰਚੇ ਤੇ ਲੋਕਾਂ 'ਚ ਆਮ ਆਦਮੀ ਪਾਰਟੀ ਪ੍ਰਤੀ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਹੈ। ਇਸ ਦੌਰਾਨ ਸੰਬੋਧਨ ਕਰਦੇ ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਆਗਾਮੀ ਵਿਧਾਨ ਸਭਾ ਚੋਣਾਂ ਦੌਰਾਨ ਪੰਜਾਬ 'ਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਜਾ ਰਹੀ ਹੈ ਤੇ 'ਆਪ' ਭਾਰੀ ਬਹੁਮਤ ਨਾਲ ਸੂਬੇ ਚ ਜਿੱਤ ਹਾਸਲ ਕਰੇਗੀ। ਉਨ੍ਹਾਂ ਕਿਹਾ ਕਿ ਪਾਰਟੀ ਦੇ ਕੌਮੀ ਪ੍ਰਧਾਨ ਅਰਵਿੰਦ ਕੇਜਰੀਵਾਲ ਅਤੇ ਸੂਬਾ ਪ੍ਰਧਾਨ ਭਗਵੰਤ ਮਾਨ ਵਲੋਂ ਪੰਜਾਬ ਹਿਤ ਲਈ ਅਨੇਕਾਂ ਤਰ੍ਹਾਂ ਦੇ ਫ਼ੈਸਲੇ ਲਏ ਜਾ ਰਹੇ ਹਨ, ਜਿਸ ਤਹਿਤ ਚੋਣਾਂ ਉਪਰੰਤ ਕਾਰਜ ਸ਼ੁਰੂ ਹੋ ਜਾਣਗੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਿਹਤ, ਸਿੱਖਿਆ, ਬਿਜਲੀ ਅਤੇ ਪੈਨਸ਼ਨ ਸਕੀਮ ਦੀ ਦਿੱਤੀ ਗਰੰਟੀ ਨਾਲ ਹਰ ਵਰਗ ਖ਼ੁਸ਼ ਹੈ ਅਤੇ ਮੀਟਿੰਗਾਂ ਦੌਰਾਨ ਲੋਕਾਂ ਚ ਪਾਰਟੀ ਪ੍ਰਤੀ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਇਸ ਮੌਕੇ ਬਲਰਾਜ ਸਿੰਘ ਕਟੋਰਾ, ਬਲਦੇਵ ਸਿੰਘ ਉਸਮਾਨ ਵਾਲਾ, ਦਿਲਬਾਗ ਸਿੰਘ ਕਟੋਰਾ, ਸਵਰਨ ਸਿੰਘ, ਹਰਜਿੰਦਰ ਸਿੰਘ, ਪਰਮਜੀਤ ਸਿੰਘ, ਬਖ਼ਸ਼ੀਸ਼ ਸਿੰਘ, ਬਲਜਿੰਦਰ ਸਿੰਘ, ਸੁਖਦੇਵ ਸਿੰਘ ਅਤੇ ਜੀਵਾਂ ਭੇਡੀਆਂ ਦੇ ਕੁਲਬੀਰ ਸਿੰਘ, ਹਰਜਿੰਦਰ ਸਿੰਘ, ਸੁਖਚੈਨ ਸਿੰਘ, ਗੁਰਸ਼ੇਰ ਸਿੰਘ, ਕੁਲਦੀਪ ਸਿੰਘ, ਸੰਦੀਪ ਸਿੰਘ, ਲਵਪ੍ਰੀਤ ਸਿੰਘ ਤੇ ਕੁਲਵੰਤ ਸਿੰਘ ਆਦਿ ਹਾਜ਼ਰ ਸਨ।

ਜ਼ਿਲ੍ਹਾ ਫ਼ਿਰੋਜ਼ਪੁਰ 'ਚ 15 ਤੋਂ 18 ਸਾਲ ਤੱਕ ਦੇ ਬੱਚਿਆਂ ਦਾ ਟੀਕਾਕਰਨ ਸ਼ੁਰੂ ਕਰਨ ਸਮੇਂ ਸਿਹਤ ਅਧਿਕਾਰੀ। ਅਜੀਤ ਤਸਵੀਰ

ਜ਼ਿਲ੍ਹਾ ਫ਼ਿਰੋਜ਼ਪੁਰ 'ਚ 15 ਤੋਂ 18 ਸਾਲ ਤੱਕ ਉਮਰ ਦੇ ਬੱਚਿਆਂ ਦਾ ਟੀਕਾਕਰਨ ਸ਼ੁਰੂ- ਸਿਵਲ ਸਰਜਨ

ਫ਼ਿਰੋਜ਼ਪੁਰ, 3 ਜਨਵਰੀ (ਜਸਵਿੰਦਰ ਸਿੰਘ ਸੰਧੂ)-ਸਿਹਤ ਵਿਭਾਗ ਫ਼ਿਰੋਜ਼ਪੁਰ ਵਲੋਂ ਜ਼ਿਲ੍ਹੇ ਦੇ ਬੱਚਿਆਂ ਨੂੰ ਕੋਵਿਡ ਵੈਕਸੀਨੇਸ਼ਨ ਦੇਣ ਦੀ ਮੁਹਿੰਮ ਸਿਵਲ ਹਸਪਤਾਲ ਫ਼ਿਰੋਜ਼ਪੁਰ ਸ਼ੁਰੂ ਕੀਤੀ ਜਾ ਚੁੱਕੀ ਹੈ। ਇਸ ਟੀਕਾਕਰਨ ਮੁਹਿੰਮ ਵਿਚ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਅੰਦਰ 15 ਤੋਂ 18 ਸਾਲ ਤੱਕ ਦੇ ਬੱਚਿਆਂ ਦਾ ਕੋਵਿਡ ਟੀਕਾਕਰਨ ਸ਼ੁਰੂ ਕੀਤਾ ਜਾ ਰਿਹਾ ਹੈ। ਇਹ ਪ੍ਰਗਟਾਵਾ ਫ਼ਿਰੋਜ਼ਪੁਰ ਦੇ ਸਿਵਲ ਸਰਜਨ ਡਾ: ਰਾਜਿੰਦਰ ਅਰੋੜਾ ਨੇ ਸਿਵਲ ਹਸਪਤਾਲ ਫ਼ਿਰੋਜ਼ਪੁਰ ਵਿਖੇ ਇਸ ਮੁਹਿੰਮ ਦਾ ਰਸਮੀ ਆਗਾਜ਼ ਕਰਨ ਮੌਕੇ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰ ਵਲੋਂ 15 ਤੋਂ 18 ਉਮਰ ਵਰਗ ਲਈ ਕੋਵੈਕਸਿਨ ਲਗਾਉਣ ਦੀ ਮਨਜ਼ੂਰੀ ਦਿੱਤੀ ਗਈ ਹੈ, ਕਿਉਂਕਿ ਹੁਣ ਇਹ ਸਿੱਧ ਹੋ ਚੁੱਕਾ ਹੈ ਕਿ ਕੋਵੈਕਸ਼ਿਨ ਵਧੇਰੇ ਪ੍ਰਭਾਵੀ ਅਤੇ ਸੁਰੱਖਿਅਤ ਹੈ। ਸਿਵਲ ਸਰਜਨ ਡਾ: ਅਰੋੜਾ ਨੇ ਅੱਗੇ ਦੱਸਿਆ ਕਿ ਕੋਵਿਡ ਵੈਕਸੀਨੇਸ਼ਨ ਦੀਆਂ ਦੋਵੇਂ ਖ਼ੁਰਾਕਾਂ ਲੈਣ ਨਾਲ ਕੋਡ ਦੇ ਨਵੇਂ ਆ ਰਹੇ ਪ੍ਰਤੀਰੂਪਾਂ ਦਾ ਟਾਕਰਾ ਕੀਤਾ ਜਾ ਸਕਦਾ ਹੈ। ਉਨ੍ਹਾਂ ਇਹ ਖ਼ੁਲਾਸਾ ਵੀ ਕੀਤਾ ਕਿ ਸਰਕਾਰੀ ਸਿਹਤ ਸੰਸਥਾਵਾਂ ਵਿਖੇ ਕੋਵਿਡ ਵੈਕਸੀਨੇਸ਼ਨ ਮੁਫ਼ਤ ਉਪਲਬਧ ਕਰਵਾਈ ਜਾ ਰਹੀ ਤੇ ਯੋਗ ਲਾਭਪਾਤਰਾਂ ਇਸ ਦਾ ਲਾਭ ਉਠਾ ਸਕਦੇ ਹਨ। ਇਸ ਮੌਕੇ ਡਿਪਟੀ ਮੈਡੀਕਲ ਕਮਿਸ਼ਨਰ ਡਾ: ਰਾਜਿੰਦਰ ਮਨਚੰਦਾ, ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ: ਮੀਨਾਕਸ਼ੀ ਅਬਰੋਲ, ਜ਼ਿਲ੍ਹਾ ਐਪਡੀਮਾਲੋਜਿਸਟ ਡਾ: ਰਾਕੇਸ਼ ਪਾਲ, ਬਾਲ ਰੋਗ ਮਾਹਿਰ ਡਾ: ਡੇਵਿਡ ਤੇ ਵਿਕਾਸ ਕਾਲੜਾ ਆਦਿ ਹਾਜ਼ਰ ਸਨ।

ਜੇਕਰ ਸਰਕਾਰ ਕੱਚੇ ਮੁਲਾਜ਼ਮ ਪੱਕੇ ਨਹੀਂ ਕਰ ਸਕਦੀ ਤਾਂ ਹਰੇਕ ਵਿਧਾਇਕ ਨੂੰ ਵੀ ਨਵੀਂ ਪੈਨਸ਼ਨ ਸਕੀਮ ਤਹਿਤ ਲਿਆਵੇ- ਸੰਦੀਪ ਕੰਬੋਜ

ਗੁਰੂਹਰਸਹਾਏ, 3 ਜਨਵਰੀ (ਕਪਿਲ ਕੰਧਾਰੀ)-ਠੇਕਾ ਮੁਲਾਜ਼ਮਾਂ ਵਾਸਤੇ ਹਮੇਸ਼ਾ ਖ਼ਜ਼ਾਨਾ ਖ਼ਾਲੀ ਹੁੰਦਾ ਹੈ, ਪਰ ਵਿਧਾਇਕਾਂ ਵਾਸਤੇ ਗੱਫੇ ਕਿਉਂ? ਜਿੰਨੀਆਂ ਤਨਖ਼ਾਹਾਂ ਪੱਕੇ ਮੁਲਾਜ਼ਮਾਂ ਦੀਆਂ 6ਵੇਂ ਪੇ ਕਮਿਸ਼ਨ ਵਿਚ ਵਧ ਰਹੀਆਂ ਹਨ ਉਸ ਤੋਂ ਘੱਟ ਤਨਖ਼ਾਹ 'ਤੇ ਠੇਕਾ ਮੁਲਾਜ਼ਮ ਪਿਛਲੇ 10-15 ਸਾਲਾਂ ਤੋਂ ਨੌਕਰੀ ਕਰ ਰਹੇ ਹਨ, ਜਿਨ੍ਹਾਂ ਰੈਗੂਲਰ ਮੁਲਾਜ਼ਮਾਂ ਦੀ ਤਨਖ਼ਾਹ ਪਹਿਲਾਂ ਹੀ 60000 ਰੁਪਏ ਪ੍ਰਤੀ ਮਹੀਨਾ ਹੈ। ਉਨ੍ਹਾਂ ਮੁਲਾਜ਼ਮਾਂ ਦੀ ਹੀ ਤਨਖ਼ਾਹ 10000 ਤੋਂ 20000 ਤੱਕ ਵਧ ਰਹੀ ਹੈ, ਪਰ ਬੜੇ ਅਫ਼ਸੋਸ ਦੀ ਗੱਲ ਹੈ ਕਿ 10000 ਪ੍ਰਤੀ ਮਹੀਨਾ ਲੈਣ ਵਾਲੇ ਠੇਕਾ ਮੁਲਾਜ਼ਮਾਂ ਦੀ ਤਨਖ਼ਾਹ ਵਿਚ 6ਵੇਂ ਪੇ ਕਮਿਸ਼ਨ ਦੇ ਹਿਸਾਬ ਨਾਲ 1 ਰੁਪਈਆਂ ਵੀ ਤਨਖ਼ਾਹ ਨਹੀਂ ਵੱਧ ਰਹੀ, ਕਿਉਂਕਿ ਉਹ ਠੇਕੇ ਵਾਲੇ ਮੁਲਾਜ਼ਮ ਹਨ, ਸਰਕਾਰ ਨੇ ਤਾਂ ਪੱਕੇ ਮੁਲਾਜ਼ਮਾਂ ਦੀ ਤਨਖ਼ਾਹ ਵਧਾਈ ਹੈ। ਆਖ਼ਿਰਕਾਰ ਕਸੂਰ ਕੀ ਹੈ ਠੇਕਾ ਮੁਲਾਜ਼ਮਾਂ ਦਾ, ਉਹ ਵੀ ਰੈਗੂਲਰ ਮੁਲਾਜ਼ਮਾਂ ਦੇ ਬਰਾਬਰ ਹੀ ਕੰਮ ਕਰ ਰਹੇ ਹਨ, ਪਰ ਤਨਖ਼ਾਹ ਵਿਚ ਪੰਜ ਗੁਣਾ ਦਾ ਅੰਤਰ ਹੈ। ਇਹ ਜਾਣਕਾਰੀ ਦਿੰਦਿਆਂ ਰਮਸਾ ਲੈਬ ਅਟੈਂਡਟ ਯੂਨੀਅਨ ਪੰਜਾਬ ਦੇ ਪ੍ਰੈੱਸ ਸਕੱਤਰ ਸੰਦੀਪ ਕੰਬੋਜ ਨੇ ਕਿਹਾ ਕਿ ਸਰਕਾਰ ਦੇ ਕਹਿਣ 'ਤੇ ਕੀ ਨਹੀਂ ਹੁੰਦਾ, ਜੇਕਰ ਕੈਬਨਿਟ ਵਿਚ ਸਰਕਾਰ ਸਿੱਧਾ ਵਿਧਾਇਕਾਂ ਦੇ ਰਿਸ਼ਤੇਦਾਰਾਂ ਨੂੰ ਡੀ.ਐੱਸ.ਪੀ. ਭਰਤੀ ਕਰ ਸਕਦੀ ਹੈ ਤਾਂ ਫਿਰ ਕੱਚੇ ਮੁਲਾਜ਼ਮ ਜੇਕਰ ਵਾਕਿਆ ਹੀ ਪੱਕੇ ਕਰਨੇ ਹੋਣ ਤਾਂ ਕਿੰਨੀ ਕੁ ਵੱਡੀ ਗੱਲ ਹੈ। ਜੇਕਰ ਸਰਕਾਰ ਕੱਚੇ ਮੁਲਾਜ਼ਮ ਪੱਕੇ ਨਹੀਂ ਕਰ ਸਕਦੀ ਤਾਂ ਹਰੇਕ ਵਿਧਾਇਕ ਵੀ ਪੰਜ ਸਾਲ ਤੱਕ ਉੱਕਾ ਪੁੱਕਾ 10,000 ਰੁਪਏ ਪ੍ਰਤੀ ਮਹੀਨਾ ਤਨਖ਼ਾਹ ਲਵੇ। ਵਿਧਾਇਕ ਜਿੰਨੀ ਵਾਰ ਚੁਣੇ ਜਾਣ ਉਨ੍ਹਾਂ ਦੀਆਂ ਪੈਨਸ਼ਨਾਂ ਵੀ ਉਨ੍ਹੀਆਂ ਹੀ ਲਗਦੀਆਂ ਹਨ, ਪਰ ਜੇਕਰ ਨਾ ਇਨਸਾਫ਼ੀ ਹੋ ਰਹੀ ਹੈ ਤਾਂ ਉਹ ਸਿਰਫ਼ ਠੇਕਾ ਮੁਲਾਜ਼ਮਾਂ ਨਾਲ ਹੋ ਰਹੀ ਹੈ। ਅੱਜ ਨੌਜਵਾਨ ਪੀੜ੍ਹੀ ਨੂੰ ਅੱਗੇ ਆ ਕੇ ਇਕ ਅਜਿਹਾ ਕਾਨੂੰਨ ਬਣਾਉਣ ਲਈ ਸਿਫ਼ਾਰਸ਼ ਕਰਨ ਦੀ ਲੋੜ ਹੈ ਜਿਸ ਵਿਚ ਵਿਧਾਇਕ ਤੇ ਮੁਲਾਜ਼ਮ ਦੋਵੇਂ ਇਕੋ ਨਿਯਮ ਦੇ ਤਹਿਤ ਆਉਂਦੇ ਹੋਣ, ਜੇਕਰ ਮੁਲਾਜ਼ਮ ਠੇਕੇ 'ਤੇ ਹਨ ਤਾਂ ਵਿਧਾਇਕ ਵੀ 10000 ਰੁਪਏ ਪ੍ਰਤੀ ਮਹੀਨਾ ਤਨਖ਼ਾਹ ਲੈਣ।

ਤਲਵੰਡੀ ਭਾਈ ਵਿਖੇ ਸਜਾਏ ਜਾਣ ਵਾਲੇ ਨਗਰ ਕੀਰਤਨ ਸਬੰਧੀ ਮੀਟਿੰਗ ਕਰਨ ਮੌਕੇ ਰਾਮਗੜ੍ਹੀਆ ਸੇਵਾ ਸੁਸਾਇਟੀ ਦੇ ਅਹੁਦੇਦਾਰ। ਤਸਵੀਰ : ਕੁਲਜਿੰਦਰ ਸਿੰਘ ਗਿੱਲ

ਰਾਮਗੜ੍ਹੀਆ ਸੇਵਾ ਸੁਸਾਇਟੀ ਦੀ ਮੀਟਿੰਗ ਹੋਈ

ਤਲਵੰਡੀ ਭਾਈ, 3 ਜਨਵਰੀ (ਕੁਲਜਿੰਦਰ ਸਿੰਘ ਗਿੱਲ)-ਰਾਮਗੜ੍ਹੀਆ ਸੇਵਾ ਸੁਸਾਇਟੀ ਤੇ ਗੁਰਦੁਆਰਾ ਵਿਸ਼ਵਕਰਮਾ ਜੀ ਕਮੇਟੀ ਦੀ ਤਲਵੰਡੀ ਭਾਈ ਦੀ ਇਕੱਤਰਤਾ ਹੋਈ, ਜਿਸ ਵਿਚ ਭੁਪਿੰਦਰ ਸਿੰਘ ਕਲਸੀ ਪ੍ਰਧਾਨ ਰਾਮਗੜ੍ਹੀਆ ਸੇਵਾ ਸੁਸਾਇਟੀ, ਰਾਮ ਸਿੰਘ ਕਲਸੀ, ਨਿ